# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐਲੂਮਨਾਈ ਬੀ.ਸੀ. ਚੈਪਟਰ ਵੱਲੋਂ ਸਾਲਾਨਾ ਸਮਾਰੋਹ 22 ਮਈ ਨੂੰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 12 ਮਈ : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀਆਂ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਨ ਅਤੇ ਵਿਦੇਸ਼ਾਂ ਵਿੱਚ ਬੈਠੇ ਪੁਰਾਣੇ ਵਿਦਿਆਰਥੀਆਂ ਨੂੰ ਇੱਕ-ਦੂਜੇ ਨਾਲ ਜੋੜਨ ਲਈ 'ਪੰਜਾਬੀ ਯੂਨੀਵਰਸਿਟੀ ਐਲੂਮਨਾਈ ਬੀ.ਸੀ. ਚੈਪਟਰ' ਵੱਲੋਂ ਇਸ ਸਾਲ ਦਾ ਸ਼ਾਨਦਾਰ ਸਾਲਾਨਾ ਸਮਾਰੋਹ ਕਰਵਾਇਆ ਜਾ ਰਿਹਾ ਹੈ। ਇਸ ਵਾਰ ਦੇ ਸਮਾਰੋਹ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੈ ਕਿ ਪ੍ਰੋਗਰਾਮ ਦੀ ਪੂਰੀ ਜ਼ਿੰਮੇਵਾਰੀ ਯੂਨੀਵਰਸਿਟੀ ਦੇ ਮਸ਼ਹੂਰ ਥੀਏਟਰ ਅਤੇ ਟੈਲੀਵਿਜ਼ਨ ਵਿਭਾਗ ਨੇ ਸੰਭਾਲੀ ਹੈ। ਦਰਸ਼ਕਾਂ ਨੂੰ ਕਲਾ, ਸੱਭਿਆਚਾਰ ਅਤੇ ਉੱਚ ਪੱਧਰੀ ਮਨੋਰੰਜਨ ਦਾ ਅਜਿਹਾ ਸੁਮੇਲ ਦੇਖਣ ਨੂੰ ਮਿਲੇਗਾ, ਜੋ ਯਕੀਨਨ ਸਭ ਨੂੰ ਪਟਿਆਲਾ ਕੈਂਪਸ ਦੇ ਉਹਨਾਂ ਰੰਗੀਨ ਦਿਨਾਂ ਦੀ ਯਾਦ ਦਿਵਾ ਦੇਵੇਗਾ।




ਇਹ ਸਮਾਗਮ 22 ਮਈ ਨੂੰ ਸ਼ਾਮ 6:00 ਵਜੇ ਤੋਂ ਗ੍ਰੈਂਡ ਤਾਜ ਬੈਨਕੁਇਟ ਹਾਲ ਵਿਖੇ ਸ਼ੁਰੂ ਹੋਵੇਗਾ। ਪ੍ਰਬੰਧਕਾਂ ਵੱਲੋਂ ਸਮੂਹ ਐਲੂਮਨਾਈ ਮੈਂਬਰਾਂ ਨੂੰ ਨਿੱਘਾ ਸੱਦਾ ਦਿੱਤਾ ਗਿਆ ਹੈ ਕਿ ਉਹ ਆਪਣੇ ਪਰਿਵਾਰਾਂ ਅਤੇ ਦੋਸਤਾਂ ਸਮੇਤ ਇਸ ਯਾਦਗਾਰੀ ਸ਼ਾਮ ਦਾ ਹਿੱਸਾ ਬਣਨ। ਇਹ ਮਿਲਣੀ ਨਾ ਸਿਰਫ਼ ਪੁਰਾਣੇ ਸਾਥੀਆਂ ਨੂੰ ਮਿਲਣ ਦਾ ਜ਼ਰੀਆ ਬਣੇਗੀ, ਸਗੋਂ ਪੰਜਾਬੀ ਵਿਰਸੇ ਅਤੇ ਕਲਾ ਨਾਲ ਮੁੜ ਜੁੜਨ ਦਾ ਵੀ ਇੱਕ ਸੁਨਹਿਰੀ ਮੌਕਾ ਹੋਵੇਗੀ।

ਵਧੇਰੇ ਜਾਣਕਾਰੀ ਲਈ ਮਨਦੀਪ ਧਾਲੀਵਾਲ (604-765-1111), ਕੁਲਦੀਪ ਸਿੱਧੂ (778-886-4500), ਪਰਮਿੰਦਰ ਭਾਟੀਆ (604-657-7750) ਅਤੇ ਮੀਰਾ ਗਿੱਲ (778-552-6472) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਦਾ ਨਤੀਜਾ ਸ਼ਾਨਦਾਰ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ 12 ਮਈ : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜੇ ਵਿੱਚ ਦਸਮੇਸ਼ ਮਿਸ਼ਨ ਸੀਨੀਅਰਸੈਕੰਡਰੀ ਸਕੂਲ ਹਰੀ ਨੌਂ ਦਾ ਨਤੀਜਾ ਸ਼ਾਨਦਾਰ ਰਿਹਾ। ਜਿਸ ਵਿੱਚ ਨਵਦੀਪ ਕੌਰ ਪੁੱਤਰੀ ਨਿਸ਼ਾਨ ਸਿੰਘ ਨੇ 612 (94.1 ਫੀਸਦੀ) ਅਤੇ ਅਰਸ਼ਦੀਪ ਸਿੰਘ ਪੁੱਤਰ ਗੁਰਤੇਜ ਸਿੰਘ ਨੇ (94.1 ਫੀਸਦੀ) ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਦੀਪਾਸ਼ ਸਿੰਗਲਾ ਪੁੱਤਰ ਨਵੀਨ ਸਿੰਗਲਾ ਨੇ 610 (93.8 ਫੀਸਦੀ) ਅੰਕ ਲੈ ਕੇ ਦੂਸਰਾ ਸਥਾਨ ਹਾਸਲ ਕੀਤਾ। ਗੁਰਨੀਤ ਸਿੰਘ ਪੁੱਤਰ ਜਸਮੇਲ ਸਿੰਘ ਨੇ 601 (92.4 ਫੀਸਦੀ) ਅੰਕ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ। ਦਸਵੀਂ ਕਲਾਸ ਦੇ ਸੱਤ ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੋਸਨ ਕੀਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਸਾਰੇ ਸਟਾਫ, ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਉਹਨਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਬੱਚਿਆਂ ਦੀ ਕਾਮਯਾਬੀ ਦੀ ਪ੍ਰਸ਼ੰਸਾ ਕਰਦੇ ਹੋਏ ਉਹਨਾਂ ਨੂੰ ਅੱਗੇ ਤੋਂ ਹੋਰ ਸਖਤ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਕੋਆਰਡੀਨੇਟਰ ਸ੍ਰੀਮਤੀ ਸਤਵਿੰਦਰ ਕੌਰ ਆਦਿ ਵੀ ਹਾਜ਼ਰ ਸਨ।



## ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਵੱਲੋਂ 'ਮਾਂ ਦਿਵਸ ਸਨਮਾਨ ਸਮਾਗਮ' ਦਾ ਸ਼ਾਨਦਾਰ ਆਯੋਜਨ

### ' ਮਾਂ ਦਿਵਸ ' ਤੇ ਮਾਵਾਂ ਨੂੰ ਸਮਰਪਿਤ ਬੇਹਤਰੀਣ ਸਨਮਾਨ ਸਮਾਰੋਹ 'ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ) ਫ਼ਰੀਦਕੋਟ ਵੱਲੋ ਕਰਵਾਇਆਂ ਗਿਆਂ।

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ

ਫ਼ਰੀਦਕੋਟ 12 ਮਈ :ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਫ਼ਰੀਦਕੋਟ ਵੱਲੋਂ ਮਾਂ-ਦਿਵਸ ਨੂੰ ਸਮਰਪਿਤ 'ਮਾਂ ਦਿਵਸ ਸਨਮਾਨ ਸਮਾਰੋਹ' ਬਲਾਕ ਪ੍ਰਾਇਮਰੀ ਸਿੱਖਿਆ ਦਫ਼ਤਰ, ਫ਼ਰੀਦਕੋਟ ਵਿਖੇ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਨਮਾਨਿਤ ਕੀਤੀਆਂ ਗਈਆਂ ਸਤਿਕਾਰਯੋਗ ਮਾਵਾਂ ਵਿੱਚ ਸ਼੍ਰੀਮਤੀ ਗੁਰਮੇਲ ਕੌਰ, ਸ਼੍ਰੀਮਤੀ ਨਸੀਬ ਕੌਰ, ਸ਼੍ਰੀਮਤੀ ਗੁਰਵਿੰਦਰ ਕੌਰ, ਸ਼੍ਰੀਮਤੀ ਹਰਬੰਸ ਕੌਰ, ਸ਼੍ਰੀਮਤੀ ਮਹਿੰਦਰ ਕੌਰ, ਸ਼੍ਰੀਮਤੀ ਗੁੱਡੀ, ਸ਼੍ਰੀਮਤੀ ਗੁਰਮੀਤ ਕੌਰ, ਸ਼੍ਰੀਮਤੀ ਸੁਖਵਿੰਦਰ ਕੌਰ, ਸ਼੍ਰੀਮਤੀ ਚਰਨਜੀਤ ਕੌਰ ਆਦਿ ਦੇ ਨਾਮ ਸ਼ਾਮਿਲ ਹਨ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਹੀਰਾ ਵੰਤੀ (ਸੇਵਾ-ਮੁਕਤ ਨਾਇਬ ਤਹਿਸੀਲਦਾਰ) ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼੍ਰੀਮਤੀ ਮਨਜੀਤ ਕੌਰ ਮਾਨ, ਸ਼੍ਰੀਮਤੀ ਪਰਵੰਤਾ ਦੇਵੀ, ਸ਼੍ਰੀਮਤੀ ਬਿਮਲਾ ਢੋਸੀਵਾਲ ਨੇ ਸ਼ਿਰਕਤ ਕੀਤੀ।



ਸਭਾ ਦੇ ਚੇਅਰਮੈਨ ਪ੍ਰੋ. ਬੀਰ ਇੰਦਰ ਅਤੇ ਪ੍ਰਧਾਨ ਸ਼ਿਵਨਾਥ ਦਰਦੀ ਦੀ ਯੋਗ ਅਗਵਾਈ ਵਿੱਚ ਅਹੁਦੇਦਾਰਾਂ ਅਤੇ ਮੈਂਬਰਾਂ ਜਨਰਲ ਸਕੱਤਰ ਜਸਵਿੰਦਰ ਜੱਸ, ਮੀਤ ਪ੍ਰਧਾਨ ਗੁਰਜੀਤ ਹੈਰੀ ਢਿੱਲੋਂ, ਸਕੱਤਰ ਸੁਖਵੀਰ ਬਾਬਾ, ਖਜਾਨਚੀ ਕਸ਼ਮੀਰ ਮਾਨਾ, ਮੀਡੀਆ ਸਕੱਤਰ ਅਸ਼ੀਸ਼ ਕੁਮਾਰ, ਕਾਨੂੰਨੀ ਸਲਾਹਕਾਰ ਪਰਦੀਪ ਅਟਵਾਲ, ਵਿੱਤ ਸਕੱਤਰ ਕੇ.ਪੀ. ਸਿੰਘ ਸਰਾਂ, ਮੈਂਬਰ ਬੀਰ ਸਿੰਘ, ਬਲਕਾਰ ਸਹੋਤਾ ਆਦਿ ਨੇ ਇਸ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਵਿਸ਼ੇਸ਼ ਯੋਗਦਾਨ ਦਿੱਤਾ।

ਸਮਾਗਮ ਦੀ ਸ਼ੁਰੂਆਤ ਵਿੱਚ ਸਭਾ ਦੇ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ ਨੇ ਸਨਮਾਨਯੋਗ ਮਾਵਾਂ, ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਅਤੇ ਪਹੁੰਚੇ ਹੋਏ ਸਭ ਮਹਿਮਾਨਾਂ ਨੂੰ 'ਜੀ ਆਇਆਂ' ਕਿਹਾ ਅਤੇ ਮਾਂ ਦਿਵਸ ਨੂੰ ਸਮਰਪਿਤ ਆਪਣੀ ਕਵਿਤਾ 'ਮਾਂ ਤਾਂ ਆਖਿਰ ਮਾਂ ਹੈ ਹੁੰਦੀ' ਸਭ ਨਾਲ ਸਾਂਝੀ ਕੀਤੀ। ਇਸ ਮੌਕੇ ਉੱਭਰਦੇ ਪੰਜਾਬੀ ਗਾਇਕ ਮੀਤ ਸੰਧਵਾਂ ਦਾ ਗੀਤ 'ਭੋਲੀਆਂ ਮਾਵਾਂ' ਸਭਾ ਵੱਲੋਂ ਰਿਲੀਜ਼ ਕੀਤਾ ਗਿਆ। ਪੰਜਾਬੀ ਗਾਇਕਾ ਸਰਬਜੀਤ ਕੌਰ ਨੇ ਮਾਂ ਦਿਵਸ ਨੂੰ ਸਮਰਪਿਤ ਗੀਤ ਨਾਲ ਦਰਸ਼ਕਾਂ ਨੂੰ ਭਾਵੁਕ ਕੀਤਾ। ਇਸ ਤੋਂ ਇਲਾਵਾ ਗਾਇਕ ਗੁਰਪ੍ਰੀਤ ਸਿੰਘ ਨੇ ਵੀ ਮਾਂ ਬਾਰੇ ਗੀਤ ਗਇਆ।

ਸਮਾਗਮ ਦੇ ਮੁੱਖ ਵਕਤਾ ਵਜੋਂ ਪ੍ਰਸਿੱਧ ਸਿੱਖਿਆ ਸ਼ਾਸ਼ਤਰੀ ਡਾ. ਨਿਰਮਲ ਕੌਸ਼ਿਕ ਨੇ 'ਮਾਂਵਾਂ ਦੀ ਸਾਡੀ ਜ਼ਿੰਦਗੀ ਵਿੱਚ ਮਹੱਤਤਾ' ਬਾਰੇ ਵਿਸਥਾਰ ਵਿੱਚ ਭਾਸ਼ਣ ਦਿੱਤਾ। ਇਸ ਮੌਕੇ ਸ. ਜਗਤਾਰ ਸਿੰਘ (ਬੀ.ਪੀ.ਈ.ਓ. ਫ਼ਰੀਦਕੋਟ), ਸ਼੍ਰੀ ਜਗਦੀਸ਼ ਰਾਏ ਢੋਸੀਵਾਲ, ਸ਼੍ਰੀ ਜਗਦੀਸ਼ ਭਾਰਤੀ, ਗੁਰਮੀਤ ਸਿੰਘ, ਸ਼੍ਰੀ ਕ੍ਰਿਸ਼ਨ, ਸ. ਹਰਪਾਲ ਸਿੰਘ, ਲੋਕ ਗਾਇਕ ਰਣਜੀਤ ਰਾਣਾ ਕੰਮੇਆਣਾ, ਲੱਕੀ ਕੰਮੇਆਣਾ, ਪੱਤਰਕਾਰ ਧਰਮ ਪਰਵਾਨਾ, ਕਿਸਾਨ ਆਗੂ ਪੰਜਾਬ ਸ਼ਰਨਜੀਤ ਸਿੰਘ ਸਰਾਂ, ਹਰਜੀਤ ਸਿੰਘ, ਪੱਪੂ ਐਮ.ਸੀ., ਕਰਮਜੀਤ ਕੌਰ, ਮਮਤਾ ਰਾਣੀ, ਅਰਮਾਨਦੀਪ ਕੌਰ, ਗਗਨ ਸਿੱਧੂ, ਲਵਪ੍ਰੀਤ ਕੌਰ ਪਿਪਲੀ, ਸੁਨੀਤਾ ਰਾਣੀ ਮਿੱਡੂ ਮਾਨ,ਵੀਰਪਾਲ ਢੁੱਡੀ , ਮਹਿਕਪ੍ਰੀਤ ਪਿਪਲੀ ,ਗੌਰਵ ਸਾਦਿਕ , ਸਿਮਰਨ ਰੁਪਈਆ ਵਾਲਾ , ਗੁਰਜੰਟ ਕਿਲਾਂ ਨੌ , ਲਵਲੀ, ਲੱਖਾ, ਸਿੰਮੀ, ਪੱਤਰਕਾਰ ਰਾਜੇਸ਼ ਬਾਗੜੀ, ਰਾਜਿੰਦਰ ਅਰੋੜਾ, ਗਗਨ ਨੇ ਸ਼ਿਰਕਤ ਕੀਤੀ।

ਇਸ ਸਮਾਗਮ ਦੌਰਾਨ ਸਹਿਰ ਦੀਆਂ ਉੱਘੀਆਂ ਸਨਮਾਨਯੋਗ ਸਖਸ਼ੀਅਤਾਂ ਵਿੱਚ ਕਵੀਆਂ ਅਤੇ ਗਾਇਕਾਂ ਨੇ ਮਾਂਵਾਂ ਦੀ ਪ੍ਰਸੰਸਾ ਵਿੱਚ ਕਵਿਤਾਵਾਂ ਅਤੇ ਗੀਤਾਂ ਦੀ ਖੂਬਸੂਰਤ ਪੇਸ਼ਕਾਰੀ ਕੀਤੀ। ਅੰਤ ਵਿੱਚ ਸਭਾ ਦੇ ਪ੍ਰਧਾਨ ਸ਼ਿਵਨਾਥ ਦਰਦੀ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਮਾਂ ਦਿਵਸ ਸਬੰਧੀ ਵਿਚਾਰ ਪੇਸ਼ ਕੀਤੇ। ਮੰਚ ਸੰਚਾਲਕ ਦੀ ਭੂਮਿਕਾ ਪਰਮਜੀਤ ਕੌਰ ਅਤੇ ਸਭਾ ਦੇ ਖਜਾਨਚੀ ਕਸ਼ਮੀਰ ਮਾਨਾ ਨੇ ਬਾਖੂਬੀ ਨਿਭਾਈ । ਮਾਂ-ਦਿਵਸ ਨੂੰ ਸਮਰਪਿਤ 'ਮਾਂ ਦਿਵਸ ਸਨਮਾਨ ਸਮਾਗਮ' ਸਫ਼ਲਤਾਪੂਰਵਕ ਸੰਪੰਨ ਹੋਇਆ।

## ਲਾਰਡ ਬੁੱਧਾ ਟਰੱਸਟ ਵੱਲੋਂ ਨਵੇਂ ਡੀ.ਸੀ. ਚਾਬਾ ਨਾਲ ਪਲੇਠੀ ਮੁਲਾਕਾਤ : ਢੋਸੀਵਾਲ

### ਅਹੁਦਾ ਸੰਭਾਲਣ 'ਤੇ ਦਿੱਤੀ ਵਧਾਈ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ

ਫ਼ਰੀਦਕੋਟ 12 ਮਈ : ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਉੱਚ ਪੱਧਰੀ ਵਫ਼ਦ ਨੇ ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਅਤੇ ਜਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਸਾਂਝੀ ਪ੍ਰਧਾਨਗੀ ਹੇਠ ਨਵ ਨਿਯੁਕਤ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਆਈ.ਏ.ਐੱਸ. ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ। ਵਫ਼ਦ ਵਿੱਚ ਟਰੱਸਟ ਦੀ ਚੀਫ ਪੈਟਰਨ ਮੈਡਮ ਹੀਰਾਵਤੀ, ਚੇਅਰਮੈਨ ਡਾ. ਹਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਇੰਸ: ਰਮੇਸ਼ ਕੁਮਾਰ, ਜਨਰਲ ਸਕੱਤਰ ਪ੍ਰੋ. ਮਲਕੀਤ ਸਿੰਘ ਮੰਮਨ, ਜੁਆਇੰਟ ਸਕੱਤਰ ਸ਼ਿਵ ਨਾਥ ਦਰਦੀ, ਪ੍ਰੈਸ ਸਕੱਤਰ ਕੇ.ਪੀ.ਐੱਸ. ਸਰਾਂ, ਮੁੱਖ ਸਲਾਹਕਾਰ ਸ੍ਰੀ ਕ੍ਰਿਸ਼ਨ ਆਰ.ਏ., ਸੀਨੀਅਰ ਮੈਂਬਰ ਗੋਬਿੰਦ



ਕੁਮਾਰ ਸੁਪਰਡੈਂਟ ਅਤੇ ਨਿਰਮਲ ਸਿੰਘ ਸੰਧੂ ਬੈਂਕ ਮੈਨੇਜਰ ਆਦਿ ਸ਼ਾਮਲ ਸਨ। ਡਿਪਟੀ ਕਮਿਸ਼ਨਰ ਨਾਲ ਇਸ ਪਹਿਲੀ ਮੁਲਾਕਾਤ ਦੌਰਾਨ ਟਰੱਸਟ ਵੱਲੋਂ ਸ੍ਰੀ ਚਾਬਾ ਨੂੰ ਜਿਲ੍ਹੇ ਦੇ ਡੀ.ਸੀ. ਵਜੋਂ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਤੇ ਗੁਲਦਸਤਾ ਭੇਂਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਸ੍ਰੀ ਢੋਸੀਵਾਲ ਨੇ ਜਿਲ੍ਹੇ ਦੀ ਨਵੀਂ ਚੁਣੀ ਗਈ ਟਰੱਸਟ ਦੀ ਕਾਰਜਕਾਰਣੀ ਦੇ ਮੈਂਬਰਾਂ ਦੀ ਵਿਸਥਾਰ ਪੂਰਵਕ ਡੀ.ਸੀ. ਨਾਲ ਜਾਣ-ਪਛਾਣ ਕਰਵਾਈ। ਟਰੱਸਟ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਵੀ ਡੀ.ਸੀ. ਨੂੰ ਸਰਸਰੀ ਜਾਣਕਾਰੀ ਦਿੱਤੀ ਗਈ। ਨਿਰਪੱਖ ਅਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨਾਲ ਕਰੀਬ ਵੀਹ ਮਿੰਟ ਚੱਲੀ ਇਹ ਮੁਲਾਕਾਤ ਬੇਹੱਦ ਸੁਖਾਵੇਂ ਮਾਹੌਲ ਵਿੱਚ ਹੋਈ। ਢੋਸੀਵਾਲ ਨੇ ਡੀ.ਸੀ. ਨੂੰ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਸਮਾਜ ਸੇਵਾ ਦੇ ਸਾਰੇ ਕਾਰਜ ਟਰੱਸਟ ਮੈਂਬਰਾਂ ਅਤੇ ਹੋਰਨਾਂ ਸੱਜਣਾਂ ਦੇ ਸਹਿਯੋਗ ਨਾਲ ਕੀਤੇ ਜਾਂਦੇ ਹਨ। ਉਨ੍ਹਾਂ ਦੀ ਸੰਸਥਾ ਵੱਲੋਂ ਬੀਤੇ ਸਮੇਂ ਵਿੱਚ ਕਦੇ ਵੀ ਕੋਈ ਸਰਕਾਰੀ ਸਹਾਇਤਾ ਨਹੀਂ ਲਈ ਗਈ ਹੈ। ਸੰਸਥਾ ਦਾ ਮੁੱਖ ਉਦੇਸ਼ ਲੋਕ ਸੇਵਾ ਹੀ ਹੈ। ਡਿਪਟੀ ਕਮਿਸ਼ਨਰ ਰਾਹੁਲ ਚਾਬਾ ਆਈ.ਏ.ਐੱਸ. ਨੇ ਟਰੱਸਟ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਨੂੰ ਬੜੀ ਗੰਭੀਰਤਾ ਅਤੇ ਦਿਲਚਸਪੀ ਨਾਲ ਸੁਣਿਆ। ਉਨ੍ਹਾਂ ਨੇ ਕਿਹਾ ਕਿ ਗੈਰ ਸਰਕਾਰੀ ਸਮਾਜ ਸੇਵੀ ਸੰਸਥਾਵਾਂ ਪ੍ਰਸ਼ਾਸ਼ਨ ਅਤੇ ਆਮ ਲੋਕਾਂ ਵਿੱਚ ਮਹੱਤਵ ਪੂਰਨ ਕੜੀ ਦਾ ਕੰਮ ਕਰਦੀਆਂ ਹਨ। ਅਜਿਹੀਆਂ ਸੰਸਥਾਵਾਂ ਸਰਕਾਰੀ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਬੇਹੱਦ ਸਹਾਈ ਸਾਬਤ ਹੁੰਦੀਆਂ ਹਨ। ਮੁਲਾਕਾਤ ਦੌਰਾਨ ਸ੍ਰੀ ਚਾਬਾ ਨੇ ਕਿਹਾ ਕਿ ਉਹ ਮਾਨਵਤਾ ਦੇ ਅਲੰਬਦਾਰ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਚਰਨ ਛੂਹ ਪਵਿੱਤਰ ਧਰਤੀ 'ਤੇ ਅਹੁਦਾ ਸੰਭਾਲਣ 'ਤੇ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ। ਸ੍ਰੀ ਚਾਬਾ ਨੇ ਸਮੂਹ ਜਿਲ੍ਹਾ ਨਿਵਾਸੀਆਂ ਨੂੰ ਅਮਨ ਚੈਨ ਅਤੇ ਸ਼ਾਂਤੀ ਬਣਾਏ ਰੱਖਣ ਵਿੱਚ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਸਮਾਜਿਕ ਬੁਰਾਈਆਂ, ਗੈਰ ਸਮਾਜੀ ਘਟਨਾਵਾਂ, ਨਸ਼ਿਆਂ ਅਤੇ ਹੋਰਨਾਂ ਗੈਰ ਕਾਨੂੰਨੀ ਕਾਰਵਾਈਆਂ ਨੂੰ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਠੱਲ ਪਾਈ ਜਾ ਸਕਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਪਣੀਆਂ ਸਹੀ ਅਤੇ ਜਾਇਜ਼ ਸ਼ਿਕਾਇਤਾਂ ਸੰਬੰਧੀ ਕੋਈ ਵੀ ਵਿਅਕਤੀ ਉਨ੍ਹਾਂ ਨੂੰ ਦਫਤਰੀ ਟਾਇਮ 'ਚ ਨਿਸ਼ਚਤ ਸਮੇਂ ਲਈ ਬੇਝਿਜਕ ਹੋ ਕੇ ਮਿਲ ਸਕਦਾ ਹੈ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਵਿਖੇ ਤਿੰਨ ਰੋਜਾ ਸਕਾਉਟ ਅਤੇ ਗਾਈਡ ਕੈਂਪ ਆਯੋਜਿਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ 12 ਮਈ : ਇਲਾਕੇ ਦੀ ਪ੍ਰਸਿੱਧ ਸਿੱਖਿਆ ਸੰਸਥਾ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਜੀ ਦੇ ਦੂਰਦਰਸ਼ੀ ਮਾਰਗਦਰਸ਼ਨ ਹੇਠ ਤਿੰਨ ਰੋਜਾ ਸਕਾਉਟ ਅਤੇ ਗਾਈਡ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਕ੍ਰਿਤਿਆ ਸੋਪਾਨ ਟੈਸਟਿੰਗ ਕੈਂਪ 11 ਮਈ ਤੋਂ 13 ਮਈ 2026 ਤੱਕ ਲਗਾਇਆ ਜਾ ਰਿਹਾ ਹੈ, ਜਿਸ ਵਿੱਚ 95 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਅਨੁਸ਼ਾਸਨ ਨਾਲ ਭਾਗ ਲਿਆ। ਕੈਂਪ ਦੀ ਅਗਵਾਈ ਓਂਕਾਰ ਸਿੰਘ, ਸਟੇਟ ਔਰਗਨਾਈਜਿੰਗ ਕਮਿਸ਼ਨਰ ਅਤੇ ਸ੍ਰੀਮਤੀ ਮਨਜੀਤ ਕੌਰ, ਅਸਿਸਟੈਂਟ ਸਟੇਟ ਔਰਗਨਾਈਜਿੰਗ ਕਮਿਸ਼ਨਰ ਵੱਲੋਂ ਕੀਤੀ ਗਈ। ਕੈਂਪ ਦੌਰਾਨ ਸ੍ਰੀਮਤੀ ਮਨਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਸਕਾਉਟ ਅਤੇ ਗਾਈਡ ਦੇ ਇਤਿਹਾਸ, ਨਿਯਮਾਂ ਅਤੇ ਅਨੁਸ਼ਾਸਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਉਪਰੰਤ ਵਿਦਿਆਰਥੀਆਂ ਨੇ ਪ੍ਰਾਰਥਨਾ ਕੀਤੀ ਅਤੇ ਉਨ੍ਹਾਂ ਨੂੰ ਝੰਡਾ ਗੀਤ ਪ੍ਰਣ ਨਿਯਮਾਂ ਬਾਰੇ ਦੱਸਿਆ ਗਿਆ। ਇਸ ਕੈਂਪ ਵਿੱਚ ਵਿਦਿਆਰਥੀ ਸਹਿਯੋਗ ਨਾਲ ਪ੍ਰਯੋਗਾਤਮਕ ਸਿਖਲਾਈ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸਕਾਊਟ ਅਤੇ ਗਾਈਡ ਸਿਰਫ ਇੱਕ ਗਤੀਵਿਧੀ ਨਹੀਂ ਬਲਕਿ ਇੱਕ ਸੰਪੂਰਨ ਵਿਕਾਸ ਦੀ ਪ੍ਰਕਿਰਿਆ ਹੈ, ਜਿਸ ਨਾਲ ਵਿਦਿਆਰਥੀਆਂ ਵਿੱਚ ਜਿੰਮੇਵਾਰੀ ਅਤੇ ਸੇਵਾ ਦੀ ਭਾਵਨਾ ਉਤਪੰਨ ਹੁੰਦੀ ਹੈ। ਅਜਿਹੇ ਕੈਂਪ ਵਿਦਿਆਰਥੀਆਂ ਕਿਤਾਬੀ ਗਿਆਨ ਤੋਂ ਉੱਪਰ ਉੱਠ ਕੇ ਜ਼ਿੰਦਗੀ ਦੀਆਂ ਅਸਲ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦੇ ਹਨ ਅਤੇ ਸਮਾਜ ਦੇ ਇੱਕ ਜਿੰਮੇਵਾਰ ਨਾਗਰਿਕ ਬਣਾਉਂਦੇ ਹਨ।



## 10ਵੀਂ ਜਮਾਤ ਵਿੱਚ ਪੰਜਾਬ ਭਰ 'ਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਹਰਲੀਨ ਸ਼ਰਮਾ ਮੁੱਖ ਮੰਤਰੀ ਵੱਲੋਂ ਸਨਮਾਨਿਤ

### 646 ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਫ਼ਰੀਦਕੋਟ ਅਤੇ ਜੈਤੋ ਦਾ ਨਾਮ ਕੀਤਾ ਰੌਸ਼ਨ

ਵਰਲਡ ਪੰਜਾਬੀ ਟਾਈਮਜ਼



ਫ਼ਰੀਦਕੋਟ, 12 ਮਈ :ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਜ਼ਿਲ੍ਹਾ ਫ਼ਰੀਦਕੋਟ ਦੇ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਦੀ ਹੋਣਹਾਰ ਵਿਦਿਆਰਥਣ ਹਰਲੀਨ ਸ਼ਰਮਾ ਵਾਸੀ ਪਿੰਡ ਚੈਨਾ ( ਜੈਤੋ) ਨੇ 650 ਵਿੱਚੋਂ 646 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਹਰਲੀਨ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਜ਼ਿਲ੍ਹਾ ਫ਼ਰੀਦਕੋਟ, ਜੈਤੋ ਸ਼ਹਿਰ ਅਤੇ ਸਕੂਲ ਦਾ ਨਾਮ ਪੂਰੇ ਪੰਜਾਬ ਵਿੱਚ ਰੌਸ਼ਨ ਹੋਇਆ ਹੈ।

ਇਸ ਮੌਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਨਿਵੇਕਲੀ ਪਹਿਲ ਕਰਦਿਆਂ ਹਰਲੀਨ ਸ਼ਰਮਾ ਨੂੰ ਤੁਰੰਤ ਪ੍ਰਭਾਵ ਨਾਲ ਸਨਮਾਨਿਤ ਕੀਤਾ ਅਤੇ ਉਸ ਨੂੰ 50 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਭੇਟ ਕੀਤੀ। ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਉੱਤਮ ਦਰਜੇ ਦਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ ਅਤੇ ਹੋਣਹਾਰ ਬੱਚਿਆਂ ਨੂੰ ਹਰ ਸੰਭਵ ਮੌਕਾ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥਣ ਹਰਲੀਨ ਸ਼ਰਮਾ ਦੀ ਇਹ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਬਣੇਗੀ। ਉਨ੍ਹਾਂ ਕਿਹਾ ਕਿ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਲਗਾਤਾਰ ਮਿਹਨਤ ਅਤੇ ਲਗਨ ਨਾਲ ਪੰਜਾਬ ਦਾ ਨਾਮ ਦੇਸ਼ ਭਰ ਵਿੱਚ ਰੌਸ਼ਨ ਕਰ ਰਹੇ ਹਨ ਜੋ ਕਿ ਮਾਣ ਵਾਲੀ ਗੱਲ ਹੈ। ਇਸ ਮੌਕੇ ਹਰਲੀਨ ਸ਼ਰਮਾ ਦੀ ਮਾਤਾ ਰੇਣੂ ਬਾਲਾ ਤੇ ਪਿਤਾ ਜਸਵਿੰਦਰ ਕੁਮਾਰ ਸ਼ਰਮਾ ਵੀ ਮੌਜੂਦ ਸਨ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਹਰਲੀਨ ਸ਼ਰਮਾ ਅਤੇ ਉਸਦੇ ਪਰਿਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਜ਼ਿਲ੍ਹਾ ਫ਼ਰੀਦਕੋਟ ਲਈ ਮਾਣ ਵਾਲਾ ਪਲ ਹੈ। ਉਨ੍ਹਾਂ ਕਿਹਾ ਕਿ ਮਾਪਿਆਂ, ਅਧਿਆਪਕਾਂ ਅਤੇ ਸਕੂਲ ਪ੍ਰਬੰਧਨ ਦੀ ਮਿਹਨਤ ਅਤੇ ਰਹਿਨੁਮਾਈ ਸਦਕਾ ਹੀ ਵਿਦਿਆਰਥੀ ਅਜਿਹੀਆਂ ਉੱਚਾਈਆਂ ਹਾਸਲ ਕਰਦੇ ਹਨ। ਉਨ੍ਹਾਂ ਹਰਲੀਨ ਸ਼ਰਮਾ ਨਾਲ ਫੋਨ ਤੇ ਗੱਲ ਕਰਕੇ ਉਸਨੂੰ ਤੇ ਉਸਦੇ ਮਾਤਾ ਪਿਤਾ ਨੂੰ ਵੀ ਵਧਾਈ ਦਿੱਤੀ।

ਇਸ ਮੌਕੇ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਸ. ਅਮੋਲਕ ਸਿੰਘ, ਸਕੱਤਰ ਸਕੂਲ ਸਿੱਖਿਆ ਪੰਜਾਬ ਮੈਡਮ ਸੋਨਾਲੀ ਗਿਰੀ, ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅੰਜਨਾ ਕੌਂਸਲ ਅਤੇ ਪ੍ਰਿੰਸੀਪਲ ਕੁਸਮ ਕਾਲੜਾ ਵੱਲੋਂ ਵੀ ਹਰਲੀਨ ਸ਼ਰਮਾ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਅਤੇ ਉਸਦੇ ਰੋਸ਼ਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਡਿਪਟੀ ਕਮਿਸ਼ਨਰ ਨੇ ਜਨਗਣਨਾ 2027 ਅਧੀਨ ਸੈਲਫ-ਇਨਿਊਮਰੇਸ਼ਨ ਤਹਿਤ ਭਰਿਆ ਫਾਰਮ

### 14 ਮਈ ਤੱਕ ਚੱਲੇਗੀ ਸਵੈ ਜਨਗਣਨਾ ਦੀ ਸਹੂਲਤ- ਡਿਪਟੀ ਕਮਿਸ਼ਨਰ

ਫ਼ਰੀਦਕੋਟ, 12 ਮਈ : ਭਾਰਤ ਸਰਕਾਰ ਵੱਲੋਂ ਕਰਵਾਈ ਜਾਣ ਵਾਲੀ ਜਨਗਣਨਾ 2027 ਤਹਿਤ ਆਮ ਲੋਕਾਂ ਦੀ ਸਹੂਲਤ ਲਈ ਸੈਲਫ-ਇਨਿਊਮਰੇਸ਼ਨ (ਸਵੈ ਗਣਨਾ) ਦੀ ਸਹੂਲਤ ਰਾਹੀਂ ਨਾਗਰਿਕ ਆਪਣੀ ਜਾਣਕਾਰੀ ਖੁਦ ਆਨਲਾਈਨ ਭਰ ਸਕਦੇ ਹਨ ਅਤੇ ਇਹ ਸਹੂਲਤ 14 ਮਈ 2026 ਤੱਕ ਆਨਲਾਈਨ ਉਪਲਬਧ ਰਹੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਕਮ ਪ੍ਰਿੰਸੀਪਲ ਸੈਸੰਜ ਅਫਸਰ ਸ੍ਰੀ ਰਾਹੁਲ ਚਾਬਾ ਨੇ ਜਨਗਣਨਾ 2027 ਤਹਿਤ ਆਪਣਾ ਸਵੈ ਜਨਗਣਨਾ ਫਾਰਮ ਭਰਨ ਉਪਰੰਤ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਨਾਗਰਿਕ ਘਰ ਬੈਠੇ ਹੀ ਅਧਿਕਾਰਤ ਪੋਰਟਲ 'ਤੇ ਜਾ ਕੇ ਆਪਣੀ ਜਾਣਕਾਰੀ ਦਰਜ ਕਰ ਸਕਦੇ ਹਨ।




ਡਿਪਟੀ ਕਮਿਸ਼ਨਰ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਗਰਿਕ ਘਰ ਬੈਠੇ ਹੀ ਅਧਿਕਾਰਤ ਪੋਰਟਲ se.census.gov.in 'ਤੇ ਜਾ ਕੇ ਆਪਣੀ ਜਾਣਕਾਰੀ ਦਰਜ ਕਰ ਸਕਦੇ ਹਨ। ਪੋਰਟਲ ਦੀ ਵਰਤੋਂ ਲਈ ਸਭ ਤੋਂ ਪਹਿਲਾਂ ਆਪਣੀ ਪਸੰਦ ਦੀ ਭਾਸ਼ਾ ਦੀ ਚੋਣ ਕਰਨੀ ਹੋਵੇਗੀ ਅਤੇ ਫਿਰ ਮੋਬਾਈਲ ਨੰਬਰ ਅਤੇ ਬੁਨਿਆਦੀ ਜਾਣਕਾਰੀ ਦੀ ਮਦਦ ਨਾਲ ਲੌਗਇਨ ਕਰਨਾ ਹੋਵੇਗਾ। ਲੌਗਇਨ ਤੋਂ ਬਾਅਦ ਪੋਰਟਲ 'ਤੇ ਦਿੱਤੇ ਸਾਰੇ ਪ੍ਰਸ਼ਨਾਂ ਦੇ ਸਹੀ ਜਵਾਬ ਭਰ ਕੇ ਫਾਰਮ ਸਬਮਿਟ ਕਰਨਾ ਲਾਜ਼ਮੀ ਹੈ।

ਉਨ੍ਹਾਂ ਦੱਸਿਆ ਕਿ ਫਾਰਮ ਸਬਮਿਟ ਕਰਨ ਉਪਰੰਤ ਇੱਕ ਵਿਲੱਖਣ ਸੈਲਫ-ਇਨਿਊਮਰੇਸ਼ਨ ਆਈਡੀ ਜਨਰੇਟ ਹੋਵੇਗੀ ਅਤੇ ਜਦੋਂ ਜਨਗਣਨਾ ਮੁਲਾਜ਼ਮ ਘਰ ਦੌਰੇ 'ਤੇ ਆਵੇਗਾ ਤਾਂ ਨਾਗਰਿਕ ਨੂੰ ਸਿਰਫ ਇਹ ਆਈਡੀ ਦਿਖਾਉਣੀ ਹੋਵੇਗੀ, ਜਿਸ ਨਾਲ ਦਿੱਤੀ ਗਈ ਜਾਣਕਾਰੀ ਦੀ ਤਸਦੀਕ ਹੋ ਜਾਵੇਗੀ ਅਤੇ ਦੁਬਾਰਾ ਫਾਰਮ ਭਰਨ ਦੀ ਲੋੜ ਨਹੀਂ ਪਵੇਗੀ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਇਸ ਸਹੂਲਤ ਦਾ ਲਾਭ ਲੈਣ ਅਤੇ ਜਨਗਣਨਾ ਪ੍ਰਕਿਰਿਆ ਨੂੰ ਸੁਚੱਜੇ ਅਤੇ ਸਫਲ ਢੰਗ ਨਾਲ ਪੂਰਾ ਕਰਨ ਵਿੱਚ ਸਹਿਯੋਗ ਦੇਣ।

ਇਸ ਮੌਕੇ ਸ੍ਰੀ ਪੰਕਜ ਜਿਲ੍ਹਾ ਕੋਆਰਡੀਨੇਟਰ ਜਨਗਣਨਾ ਵਿਭਾਗ, ਗੁਰਨਾਮ ਸਿੰਘ ਵਿਰਕ ਪੀ.ਏ., ਜਸਬੀਰ ਜੱਸੀ ਜਿਲ੍ਹਾ ਮੀਡੀਆ ਕੋਆਰਡੀਨੇਟਰ ਜਨਗਣਨਾ, ਰੰਗ ਹਰਜਿੰਦਰ ਜਿਲ੍ਹਾ ਮਾਸਟਰ ਟ੍ਰੇਨਰ, ਮੈਡਮ ਮਨਪ੍ਰੀਤ ਕੌਰ, ਗੁਰਦੀਪ ਸਿੰਘ ਤਕਨੀਕੀ ਸਹਾਇਕ, ਵੀ ਹਾਜ਼ਰ ਸਨ।

## " ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਮਾਂ ਦਿਵਸ ਨੂੰ ਸਮਰਪਿਤ ( ਕਾਵਿ ਮਿਲਣੀ ) ਸੰਵਾਦ ਤੇ ਕਵਿਤਾ ਦਾ ਸੁਚੱਜਾ ਸੁਮੇਲ ਹੋ ਨਿੱਬੜਿਆ "




ਬਰੈਂਪਟਨ , 12 ਮਈ : ਰਮਿੰਦਰ ਰੰਮੀ ਜੀ ਫ਼ਾਊਂਡਰ ਅਤੇ ਪ੍ਰਬੰਧਕ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਤੇ ਸਮੁੱਚੀ ਪ੍ਰਬੰਧਕੀ ਟੀਮ ਵੱਲੋਂ ਮਾਂ ਦਿਵਸ ਨੂੰ ਸਮਰਪਿਤ ਕਾਵਿ ਮਿਲਣੀ ਦਾ 10 ਮਈ ਨੂੰ ਆਯੋਜਨ ਕੀਤਾ ਗਿਆ । ਪ੍ਰੋਗਰਾਮ ਦੀ ਸ਼ੁਰੂਆਤ ਰਮਿੰਦਰ ਰੰਮੀ ਜੀ ਨੇ ਸਾਰਿਆ ਨੂੰ ਜੀ ਆਇਆਂ ਕਹਿੰਦਿਆਂ ਕੀਤੀ । ਸ੍ਰੀ ਮਤੀ ਰਿੰਟੂ ਭਾਟੀਆ ਜੀ ਨੇ ਮਾਂ ਨੂੰ ਸੰਘਣੀ ਛਾਂ , ਦੁੱਖ ਸੁੱਖ ਦਾ ਸਿਰਨਾਵਾਂ ਦੱਸਦਿਆਂ ਕਿਹਾ ਕਿ ਸਾਡੀ ਜ਼ਿੰਦਗੀ ਵਿੱਚ ਮਾਂ ਦਾ ਅਹਿਮ ਯੋਗਦਾਨ ਹੈ । ਉਹਨਾਂ ਰਮਿੰਦਰ ਰੰਮੀ ਜੀ ਅਤੇ ਸਮੁੱਚੀ ਪ੍ਰਬੰਧਕੀ ਟੀਮ ਨਾਲ ਜਾਣ ਪਛਾਣ ਕਰਾਉਂਦਿਆਂ ਦੱਸਿਆ ਲਗਾਤਾਰ ਪੰਜ ਸਾਲਾਂ ਤੋਂ ਪ੍ਰੋਗਰਾਮ ਕਰ ਰਹੇ ਹਨ , ਹੁਣ ਤੱਕ 900 ਦੇ ਕਰੀਬ ਕਵੀ ਸ਼ਿਰਕਤ ਕਰ ਚੁੱਕੇ ਹਨ। ਉਹਨਾਂ ਨੇ ਰਮਿੰਦਰ ਰੰਮੀ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ । ਸੁਰਜੀਤ ਜੀ ਜੋ ਕਿ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਦੇ ਸਰਪ੍ਰਸਤ ਨੇ ਕਿਹਾ ਕਿ ਮਾਂ ਸ਼ਬਦ ਭਾਵੇਂ ਛੋਟਾ ਹੈ ਪਰ ਵਿਸ਼ਾਲ ਅਰਥ ਹਨ ਉਹਨਾਂ ਦੁਨੀਆਂ ਦੀਆਂ ਸਮੁੱਚੀਆਂ ਮਾਵਾਂ ਨੂੰ ਸ਼ੁਭ ਕਾਮਨਾਵਾ ਦਿੰਦਿਆ ਪ੍ਰੋਗਰਾਮ ਵਿੱਚ ਸ਼ਾਮਲ ਸਾਰੀਆ ਸ਼ਖਸੀਅਤਾਂ ਦਾ ਤੁਆਰਫ ਕਰਾਉਂਦਿਆਂ , ਸਭ ਦਾ ਨਿੱਘਾ ਸੁਆਗਤ ਕਰਦਿਆ ਪ੍ਰੋਗਰਾਮ ਦਾ ਸੰਚਾਲਨ ਸ਼ੁਰੂ ਕੀਤਾ। ਉਹਨਾਂ ਨੇ ਸਭ ਤੋ ਪਹਿਲਾਂ ਵਿਦਵਾਨ ਪੈਨਲ ਨੂੰ ਜਿਸ ਵਿੱਚ ਅਰਤਿੰਦਰ ਸੰਧੂ , ਡਾ. ਕੰਵਲਜੀਤ ਢਿੱਲੋਂ ਜੀ ਤੇ ਡਾ. ਸਾਇਮਾ ਇਰਮ ਸ਼ਾਮਿਲ ਹਨ ਨੂੰ ਮਾਂ ਦੀ ਇੱਕੀਵੀਂ ਸਦੀ ਵਿਚ ਰੂਪਾਂਤਰਿਤ ਭੂਮਿਕਾ, ਮਾਂ ਵਿਸ਼ੇ ਨਾਲ ਜੁੜੇ ਹੋਰ ਅਹਿਮ ਪਹਿਲੂਆਂ ਤੇ ਸੰਵਾਦ ਰਚਾਉਣ ਦਾ ਸੱਦਾ ਦਿੱਤਾ। ਸਭ ਤੋ ਪਹਿਲਾਂ ਉਹਨਾਂ ਅਰਤਿੰਦਰ ਸੰਧੂ ਜੋ ਅਧਿਆਪਨ ਵਿੱਚ ਸੇਵਾ ਨਿਭਾਅ ਚੁੱਕੇ ਹਨ , ਸੁਪ੍ਰਸਿੱਧ ਸ਼ਾਇਰਾ ਹੋਣ ਦੇ ਨਾਲ ਸਾਹਿਤਕ ਰਸਾਲੇ ਏਕਮ ਦੇ ਸੰਪਾਦਕ ਹਨ ਨੂੰ ਵਿਚਾਰ ਚਰਚਾ ਲਈ ਸੱਦਾ ਦਿੱਤਾ । ਅਰਤਿੰਦਰ ਸੰਧੂ ਜੀ ਨੇ ਤਿੰਨ ਪੀੜ੍ਹੀਆਂ ਦੇ ਹਵਾਲੇ ਨਾਲ ਮਾਂ ਦੀ ਭੂਮਿਕਾ ਨੂੰ ਬਿਆਨਦਿਆ ਕਿਹਾ ਕਿ ਉਹਨਾਂ ਨੇ ਘਰ ਦਾ ਕੰਮ ਕਾਜ ਸੰਭਾਲਦੀ ਆਪਣੀ ਮਾਂ ਵੀ ਦੇਖੀ ਤੇ ਨੌਕਰੀ ਕਰਦਿਆਂ ਮਾਂ ਦੇ ਫ਼ਰਜ਼ ਨਿਭਾਉਣ ਦੇ ਨਾਲ ਨਾਲ ਬੱਚਿਆਂ ਦੀ ਪੜ੍ਹਾਈ ਵਿੱਚ ਪੂਰਾ ਯੋਗਦਾਨ ਪਾਉਣ ਵਾਲੀ ਮਾਂ ਦਾ ਰੋਲ ਵੀ ਨਿਭਾਇਆ ਹੈ ਤੇ ਹੁਣ ਮਾਂ ਦੀ ਭੂਮਿਕਾ ਬਿਲਕੁਲ ਵੱਖਰੀ ਹੈ ਕਿਉਂਕਿ ਪਹਿਲਾ ਜੋ ਮਾਂ ਸਿਖਾਉਂਦੀ ਸੀ ਹੁਣ ਇੰਟਰਨੈਟ ਸਿਖਾ ਰਿਹਾ ਹੈ ਤੇ ਬੱਚਾ ਮਾਂ ਨੂੰ ਕਹਿ ਰਿਹਾ ਹੈ ਇਹ ਉਸਦੀ ਜ਼ਿੰਦਗੀ ਹੈ ਅਜਿਹੀ ਸਥਿਤੀ ਵਿੱਚ ਮਾਂ ਦੀ ਭੂਮਿਕਾ ਬਦਲ ਰਹੀ ਹੈ ਤੇ ਚੁਣੌਤੀਪੂਰਨ ਹੋ ਰਹੀ ਹੈ ਤੇ ਨੋਜਵਾਨ ਪੀੜ੍ਹੀ ਨਸ਼ਿਆਂ ਵੱਲ ਵਧ ਰਹੀ ਹੈ ਮਾਰਿਆ ਦੀ ਸਥਿਤੀ ਬੇਬਸੀ ਵਾਲੀ ਹੈ। । ਡਾ. ਸ਼ਾਇਮਾ ਇਰਮ ਜੋ ਕਿ ਪੰਜਾਬੀ ਦੇ ਪ੍ਰੋਫੈਸਰ ਤੇ ਲੇਖਿਕਾ ਹਨ ਨੇ ਮਾਂ ਦਿਵਸ ਦੀ ਸਾਰਥਕਤਾ ਦੱਸਦਿਆਂ ਕਿਹਾ ਕਿ ਸਾਰੀ ਦੁਨੀਆ ਤੋਹਫ਼ੇ ਲੈ ਕੇ ਖੁਸ਼ ਹੁੰਦੀ ਹੈ ਸਿਰਫ ਮਾਂ ਹੀ ਹੈ ਜੋ ਬੱਚੇ ਨੂੰ ਤੋਹਫ਼ੇ ਪਿੱਛੇ ਝਿੜਕਦੀ ਕਹਿੰਦੀ ਹੈ ਕਿ ਇਸਦੀ ਕੀ ਲੋੜ ਸੀ ਤੇ ਉਹਨਾਂ ਨਵੀਂ ਪੀੜ੍ਹੀ ਤੇ ਚਿੰਤਾ ਜ਼ਾਹਿਰ ਕੀਤੀ ਜੋ ਕਿਸੇ ਤੋ ਕੁਝ ਸੁਣਨਾ ਪਸੰਦ ਨਹੀਂ ਕਰਦੀ ਤੇ ਇਹ ਪੀੜ੍ਹੀ ਆਪਣੇ ਬੱਚਿਆਂ ਨੂੰ ਕੀ ਦੱਸੇਗੀ ? ਤਕਨਾਲੋਜੀ ਦੇ ਯੁੱਗ ਵਿੱਚ ਬੱਚਿਆਂ ਦਾ ਪਿੱਛਾ ਕਰਨਾ ਮਾਂ ਲਈ ਔਖਾ ਹੀ ਨਹੀਂ ਅਸੰਭਵ ਵੀ ਹੈ ਪਰ ਔਲਾਦ ਤੇ ਮਾਂ ਦਾ ਰਿਸ਼ਤਾ ਹਮੇਸ਼ਾ ਰਹੇਗਾ ਤੇ ਅੱਜ ਪੰਜਾਬੀ ਸੱਭਿਆਚਾਰ ਦਾ ਘੇਰਾ ਵੀ ਵਿਸ਼ਾਲ ਹੋ ਰਿਹਾ ਹੈ ।ਡਾ. ਕੰਵਲਜੀਤ ਢਿੱਲੋਂ ਜੋ ਕਿ ਇੱਕ ਬੁੱਧੀਜੀਵੀ ਸਖਸੀਅਤ ਹੋਣ ਦੇ ਨਾਲ ਨਾਲ ਔਰਤ ਦੇ ਹੱਕਾਂ ਲਈ ਇੱਕ ਸੰਘਰਸ਼ ਕਰਦੇ ਰਹੇ ਹਨ , ਬਹੁਤ ਸਾਰੀਆਂ ਜਥੇਬੰਦੀਆਂ ਦੀ ਨੁਮਾਇੰਦਗੀ ਕੀਤੀ ਹੈ ਤੇ ਅਧਿਆਪਨ ਨੂੰ ਸਮਰਪਿਤ ਰਹੇ ਹਨ ਨੇ ਕੈਨੇਡਾ ਵਿੱਚ ਔਰਤਾਂ ਦੀ ਜਥੇਬੰਦੀ " ਦਿਸ਼ਾ " ਦੇ ਸੰਸਥਾਪਕ ਹਨ ਨੇ ਮਾਂ ਦਿਵਸ ਸ਼ੁਰੂ ਹੋਣ ਦੇ ਪਿਛੋਕੜ ਤੇ ਝਾਤ ਪੁਆਉਂਦਿਆਂ ਦੱਸਿਆ 1905 ਵਿੱਚ ਪਹਿਲੀ ਵਾਰੀ ਇਹ ਦਿਵਸ ਮਨਾਇਆ ਗਿਆ । ਅੱਜ ਦੇ ਅਸ਼ਾਂਤੀ ਤੇ ਜੰਗ ਦੇ ਯੁੱਗ ਤੇ ਦਹਿਸ਼ਤ ਦੇ ਯੁੱਗ ਵਿੱਚ ਵਿਚਰ ਰਹੀਆਂ ਮਾਵਾਂ ਨੂੰ ਚਿੰਤਨ ਦਾ ਵਿਸ਼ਾ ਬਣਾਇਆ ਕਿ ਅੱਜ ਦੇ ਤਕਨਾਲੋਜੀ ਤੇ ਪਿੱਤਰੀ ਸੱਤਾ ਦੇ ਯੁੱਗ ਵਿੱਚ ਰਿਸ਼ਤਿਆਂ ਦੀ ਪਾਕੀਜ਼ਗੀ ਤੇ ਰੁਪਾਤਰਣ ਦੇ ਸੰਦਰਭ ਵਿੱਚ ਮਾਂ ਦੀ ਸਥਿਤੀ ਨੂੰ ਮਜ਼ਬੂਤ ਕਰਨ ਦੀ ਲੋੜ ਹੈ ਕਿਉਂਕਿ ਅਨਿਸਚਤਾ ਦੇ ਦੌਰ ਵਿਚ ਮਾਂਵਾ ਮਨੋਸੰਤਾਪ ਝੱਲ ਰਹੀਆਂ ਹਨ। ਸੁਰਜੀਤ ਜੀ ਨੇ ਵਿਚਾਰ ਚਰਚਾ ਨੂੰ ਸਮੇਟਦਿਆਂ ਕਿਹਾ ਕਿ ਭਾਵੇਂ ਹਰ ਦਿਨ ਮਾਂ ਦਾ ਹੈ ਪਰ ਮਾਵਾਂ ਅੱਜ ਵੀ ਰੁਲ ਰਹੀਆਂ ਹਨ ਬੱਚਿਆਂ ਦੇ ਰਹਿਮੋ ਕਰਮ ਤੇ ਹਨ ਤੇ ਜਾਂ ਦੇਸ਼ ਵਿੱਚ ਮਾਪੇ ਇਕਲਾਪਾ ਕੱਟ ਰਹੇ ਹਨ ਜਾਂ ਬਜ਼ੁਰਗ ਘਰਾਂ ਦੀ ਹੋਂਦ ਸਾਡੇ ਲਈ ਸੁਆਲੀਆ ਚਿੰਨ ਹੈ। ਮਾਂ ਦਿਵਸ ਆਪਣੇ ਫਰਜ਼ਾਂ ਪ੍ਰਤੀ ਸੁਚੇਤਤਾ ਦਾ ਅਹਿਸਾਸ ਕਰਾਉਂਦਾ ਹੈ।

ਪ੍ਰੋਗਰਾਮ ਦੇ ਦੂਜੇ ਭਾਗ ਵਿੱਚ ਕਵੀ ਦਰਬਾਰ ਦਾ ਆਗਾਜ਼ ਕਰਦਿਆਂ ਡਾ. ਪ੍ਰਭਜੋਤ ਕੌਰ ਜੋ ਕਿ ਪੰਜਾਬ ਯੂਨੀਵਰਸਿਟੀ ਵਿੱਚ ਗਣਿਤ ਦੇ ਪ੍ਰੋਫੈਸਰ ਹਨ ਨੂੰ ਸੱਦਾ ਦਿੱਤਾ ਗਿਆ ਤੇ ਉਹਨਾਂ ਨੇ ਆਪਣੀ ਕਵਿਤਾ " ਮਾਂ ਤੇ ਰੁੱਖ" ਸੁਣਾਈ ਜੋ ਕਿ ਮਾਂ ਤੇ ਰੁੱਖਾਂ ਦੀ ਸਮਾਨਤਾ ਨੂੰ ਦਰਸਾਉਂਦੀ ਮਾਂ ਨੂ ਰੁੱਖਾਂ ਦੀ ਜੀਰਾਂਦ ਨਾਲ ਮੇਲਦੀ ਖੂਬਸੂਰਤ ਰਚਨਾ ਸੀ । ਪ੍ਰੋ ਡਾ. ਜਸਪਾਲ ਸਿੰਘ ( ਇਟਲੀ ) ਨੇ ਮਾਂ ਬਾਰੇ ਬੋਲਦਿਆਂ ਕਿਹਾ ਕਿ ਰੱਬ ਦੇ ਵੀ ਵੱਖ ਵੱਖ ਨਾਂ ਹਨ ਪਰ ਦੁਨੀਆਂ ਵਿੱਚ ਮਾਂ ਦਾ ਨਾਂ ਇੱਕੋ ਹੈ ਉਹਨਾਂ ਨੇ ਆਪਣੀ ਖੂਬਸੂਰਤ ਨਜ਼ਮ " ਮਾਂ ਸਿਰਫ ਇੱਕ ਰਿਸ਼ਤਾ ਨਹੀਂ ਹੈ ਇਹ ਇੱਕ ਅਹਿਸਾਸ ਦਾ ਨਾਂ ਹੈ" ਸਾਂਝੀ ਕੀਤੀ । ਅਜ਼ੀਮ ਕਾਜ਼ੀ ਜੀ,ਜੋ ਕਿ ਉਰਦੂ ਤੇ ਪੰਜਾਬੀ ਵਿੱਚ ਲਿਖਦੇ ਹਨ ,ਉਹਨਾਂ ਨੇ ਆਪਣੀ ਗਜ਼ਲ ਸਰੋਤਿਆਂ ਨਾਲ ਸਾਂਝੀ ਕੀਤੀ । ਕੁਲਵਿੰਦਰ ਕੌਰ ਨੰਗਲ ਜੀ ਨੇ " ਮੇਰੀ ਸੱਸ ਹੈ ਕੁਝ ਵਿਸ਼ੇਸ਼ ਜਿਹੀ" ਤੇ ਮਾਂ ਸਬੰਧੀ ਰਚਨਾ ਸੁਣਾ ਕੇ ਸਰੋਤਿਆਂ ਤੋਂ ਵਾਹ ਵਾਹ ਖੱਟੀ। ਅਮਰ ਕੌਰ ਬੇਦੀ ਨੇ ਅਜੋਕੇ ਪੀੜੀ ਦੇ ਮਾਂ ਪ੍ਰਤੀ ਰਵੱਈਏ ਤੇ ਮਾਂ ਬਣ ਕੇ ਫ਼ਰਜ਼ਾਂ ਤੋ ਭੱਜਣ ਦੀ ਸਥਿਤੀ ਨੂੰ ਪੇਸ਼ ਕਰਦੀ ਕਵਿਤਾ ਸੁਣਾਈ। ਮੁੱਖ ਮਹਿਮਾਨ ਡਾ. ਅਮਰਜੀਤ ਕੌਂਕੇ ਜੋ ਕਿ ਕਵਿਤਾ ਦੀਆਂ ਅੱਠ ਕਿਤਾਬਾਂ ਦੇਣ ਦੇ ਨਾਲ ਨਾਲ ਤੇ 20 ਤੋ ਵੱਧ ਪੁਸਤਕਾਂ ਦੇਣ ਦਾ ਅਨੁਵਾਦ ਕਰ ਚੁੱਕੇ ਹਨ ਨੇ ਮਾਂ ਦਿਵਸ ਸੰਬੰਧੀ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਮੰਚ ਦੀ ਸੁਚੱਜੀ ਵਿਉਂਤ ਦੀ ਸਰਾਹਨਾ ਕਰਦਿਆਂ ਦਸਿਆ ਕਿ ਉਹਨਾਂ ਦੇ ਹਰ ਕਾਵਿ ਸੰਗ੍ਰਹਿ ਵਿੱਚ ਉਹਨਾਂ ਨੇ ਮਾਂ ਪ੍ਰਤੀ ਆਭਾਰ ਤੇ ਸੰਵੇਦਨਾ ਨੂੰ ਜ਼ਰੂਰ ਪ੍ਰਗਟਾਇਆ ਹੈ ਤੇ ਇਹ ਵਿਸ਼ਾ ਸਦੀਵੀ ਰਹਿਣ ਵਾਲਾ ਹੈ ਕਿਉਂਕਿ ਮਾਂ ਮਨੁੱਖੀ ਜ਼ਿੰਦਗੀ ਸਿਰਜਦੀ ਹੈ । ਉਹਨਾਂ ਆਪਣੀਆਂ ਦੋ ਖੂਬਸੂਰਤ ਨਜ਼ਮਾਂ ਜੋ ਮਾਂ ਨੂੰ ਸਮਰਪਿਤ ਸਨ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ । ਹਰਭਜਨ ਕੌਰ ਜੀ ਨੇ ਮਾਂ ਸਬੰਧੀ ਕਵਿਤਾ ਸਾਂਝੀ ਕੀਤੀ । ਗੁਰਚਰਨ ਜੋਗੀ ਜੀ ਨੇ ਵੀ ਮਾਂ ਸਬੰਧੀ ਸ਼ੇਅਰ ਹਾਜ਼ਰੀਨ ਨਾਲ ਸਾਂਝਾ ਕੀਤਾ।ਸੁਰਜੀਤ ਜੀਨੇ ਆਪਣੀ ਨਜ਼ਮ "ਧੀ ਤੋ ਮਾਂ ਬਣਨ ਦਾ ਸਫ਼ਰ " ਸਾਂਝੀ ਕੀਤੀ ਜਿਸ ਵਿੱਚ ਹਰ ਧੀ ਜਦ ਮਾਂ ਬਣਦੀ ਹੈ ਤਾ ਮਾਂ ਦੇ ਫ਼ਰਜ਼ ਯਾਦ ਆਉਂਦੇ ਹਨ। ਇਸ ਯਾਦਗਾਰੀ ਤੇ ਖ਼ੂਬਸੂਰਤ ਪ੍ਰੋਗਰਾਮ ਦੇ ਅੰਤ ਤੇ ਚੇਅਰਮੈਨ ਪਿਆਰਾ ਸਿੰਘ ਕੁੱਦੋਵਾਲ ਨੇ ਆਪਣੇ ਵਿਲੱਖਣ ਤੇ ਵਿਸਤ੍ਰਿਤ ਅੰਦਾਜ਼ ਸਮੁੱਚੇ ਪ੍ਰੋਗਰਾਮ ਦਾ ਕੰਜੀਵਤ ਰੂਪ ਵਿੱਚ ਸਾਰਾਂਸ਼ ਪੇਸ਼ ਕੀਤਾ ਅਤੇ ਪਰੋਗਰਾਮ ਦੀ ਸੁਚੱਜੀ ਵਿਉਂਤ ਲਈ ਰਮਿੰਦਰ ਵਾਲੀਆ ਜੀ ਦੀ ਸਰਾਹਨਾ ਕੀਤੀ । ਸੋ ਇਹ ਪ੍ਰੋਗਰਾਮ ਸੰਵਾਦ ਤੇ ਕਵਿਤਾ ਦਾ ਸੁਚੱਜਾ ਸੁਮੇਲ ਹੋ ਨਿੱਬੜਿਆ । ਨਾਮਵਰ ਸ਼ਾਇਰਾ ਸੁਰਜੀਤ ਜੀ ਨੇ ਬਾਖੂਬੀ ਇਸ ਪ੍ਰੋਗਰਾਮ ਦਾ ਸੰਚਾਲਨ ਕੀਤਾ। ਦੇਸ਼ ਵਿਦੇਸ਼ ਤੋਂ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਨੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ । ਧੰਨਵਾਦ ਸਹਿਤ । ਇਹ ਰਿਪੋਰਟ ਡਾ . ਪੁਸ਼ਵਿੰਦਰ ਕੌਰ ਖੋਖਰ ਜੀ ਨੇ ਰਮਿੰਦਰ ਵਾਲੀਆ ਨੂੰ ਸਾਂਝੀ ਕੀਤੀ ।

## ਪੀ.ਏ.ਯੂ. ਕੈਂਪਸ ਦੇ ਦਰਖਤਾਂ ਨੂੰ ਹੁਣ ਕਿਊਆਰ ਕੋਡ ਵਿਧੀ ਰਾਹੀਂ ਜਾਣੋ



ਲੁਧਿਆਣਾ 12 ਮਈ : ਪੀ.ਏ.ਯੂ. ਕੈਂਪਸ ਵਿਚ ਭਿੰਨ-ਭਿੰਨ ਕਿਸਮਾਂ ਦੇ ਛਾਂਦਾਰ ਅਤੇ ਫਲ਼ਦਾਰ ਰੁੱਖਾਂ ਅਤੇ ਦਰਖਤਾਂ ਬਾਰੇ ਵਿਦਿਆਰਥੀਆਂ ਅਤੇ ਬਾਹਰੋਂ ਆਉਣ ਵਾਲਿਆਂ ਨੂੰ ਜਾਣਕਾਰੀ ਦੇਣ ਲਈ ਨਵੀਂ ਤਕਨੀਕ ਅਪਣਾਈ ਜਾ ਰਹੀ ਹੈ| ਪੀ.ਏ.ਯੂ. ਦੇ ਬਹੁਤ ਸਾਰੇ ਰੁੱਖਾਂ ਉੱਪਰ ਉਹਨਾਂ ਦੀ ਕਿਸਮ, ਉਪਯੋਗਤਾ, ਵਰਤੋਂ ਦੇ ਤਰੀਕੇ ਅਤੇ ਲਾਭ ਆਦਿ ਬਾਰੇ ਜਾਣਕਾਰੀ ਦੇਣ ਲਈ ਕਿਊਆਰ ਕੋਡ ਲਾਏ ਜਾ ਰਹੇ ਹਨ| ਇਹਨਾਂ ਕੋਡਾਂ ਨੂੰ ਸਕੈਨ ਕਰਕੇ ਕੋਈ ਵੀ ਇਹਨਾਂ ਰੁੱਖਾਂ ਸੰਬੰਧੀ ਪ੍ਰਮਾਣਿਕ ਜਾਣਕਾਰੀ ਨਾਲ ਭਰਪੂਰ ਹੋ ਸਕਦਾ ਹੈ| ਪੀ ਏ ਯੂ ਵਿਚ ਭਰਪੂਰ ਰੂਪ ਵਿੱਚ ਲੱਗੇ ਰੁੱਖ ਮਰੋੜਫਲੀ, ਨੀਲੀ ਗੁਲਮੋਹਰ, ਕ੍ਰਿਸਮਸ, ਸਤਪਤੀਆ, ਪਗੋਡਾ, ਅਸ਼ੋਕਾ, ਕਚਨਾਰ, ਲਾਲ ਬੋਤਲ ਬੁਰਸ਼, ਗੁਲਾਬੀ ਤੁਣ, ਸਿਲਵਰ ਓਕ, ਮੌਲਸਰੀ, ਜੋੜ ਤੋੜ, ਨਿੰਮ, ਅੰਬ, ਜਾਮਣ, ਢਿਊ, ਡੇਕ, ਸਫੈਦਾ, ਗੂਲਰ ਅਤੇ ਆੜੂ ਆਦਿ ਦਰੱਖਤਾਂ ਬਾਰੇ ਕਿਊਆਰ ਕੋਡ ਲਾਉਣ ਦਾ ਕਾਰਜ ਸੰਪੰਨ ਹੋ ਗਿਆ ਹੈ|





ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਯੂਨੀਵਰਸਿਟੀ ਵਾਤਾਵਰਨ ਦੀ ਸੰਭਾਲ ਅਤੇ ਰੁੱਖਾਂ ਬਾਰੇ ਜਾਣਕਾਰੀ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਨਿਰੰਤਰ ਵਚਨਬੱਧ ਹੈ| ਉਹਨਾਂ ਰੁੱਖਾਂ ਉੱਪਰ ਲਾਏ ਜਾਣ ਵਾਲੇ ਕਿਊਆਰ ਕੋਡਜ਼ ਨੂੰ ਆਮ ਲੋਕਾਂ ਤੱਕ ਪ੍ਰਮਾਣਿਕ ਜਾਣਕਾਰੀ ਪਹੁੰਚਾਉਣ ਦਾ ਆਧੁਨਿਕ ਤਰੀਕਾ ਕਿਹਾ ਅਤੇ ਨਾਲ ਆਸ ਪ੍ਰਗਟਾਈ ਕਿ ਇਸ ਨਾਲ ਆਮ ਲੋਕਾਂ ਵਿਚ ਵਾਤਾਵਰਨ ਦੀ ਸੰਭਾਲ ਦੀ ਜਾਗਰੂਕਤਾ ਦਾ ਪਸਾਰ ਹੋਵੇਗਾ ਅਤੇ ਲੋਕ ਪੰਜਾਬ ਦੀ ਧਰਤੀ ਉੱਪਰ ਵਿਗਸੇ ਵਿਰਾਸਤੀ ਰੁੱਖਾਂ ਨੂੰ ਜਾਣ ਸਕਣਗੇ।

## ਜੇਈਈ ਮੇਨਜ਼ 2026 'ਚ ਪਟਿਆਲਾ ਜਿਲ੍ਹਾ ਮੋਹਰੀ




ਪਟਿਆਲਾ 12 ਮਈ : ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਦੂਰਦਰਸ਼ੀ ਸੋਚ ਸਦਕਾ ਜੇਈਈ ਮੈਨਜ਼ 2026 ਦੀ ਪ੍ਰੀਖਿਆ ਵਿੱਚ ਪਟਿਆਲਾ ਜ਼ਿਲ੍ਹਾ ਪੂਰੇ ਪੰਜਾਬ ਵਿੱਚੋਂ ਫ਼ਿਰ ਮੋਹਰੀ ਬਣਿਆ ਹੈ। ਦੋ ਪੜਾਵਾਂ ਵਿੱਚ ਦੇਸ਼ ਭਰ ਵੱਲੋਂ ਲਏ ਗਏ ਜੇਈਈ ਮੇਨਜ਼ 2026 ਦੀ ਪ੍ਰੀਖਿਆ ਵਿੱਚ ਪਟਿਆਲਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਕੁਲ 60 ਵਿਦਿਆਰਥੀਆਂ ਨੇ ਕਾਮਯਾਬੀ ਹਾਸਲ ਕੀਤੀ। ਜਿਲਾ ਸਿੱਖਿਆ ਅਫਸਰ ਸੈਕੰਡਰੀ ਸੰਜੀਵ ਸ਼ਰਮਾ ਨੇ ਵਿਦਿਆਰਥੀਆਂ ਅਤੇ ਉਨਾਂ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਇਸ ਦਾ ਸਿਹਰਾ ਵਿਦਿਆਰਥੀਆਂ ਦੇ ਮਾਪਿਆਂ ਅਤੇ ਉਨਾਂ ਦੇ ਅਗਵਾਈ ਕਰਨ ਵਾਲੇ ਅਧਿਆਪਕਾਂ ਤੇ ਜਿਲੇ ਦੀ ਸਾਥੀ ਟੀਮ ਨੂੰ ਦਿੱਤਾ ਤੇ ਆਸ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਇਹ ਗਿਣਤੀ 100 ਦਾ ਆਂਕੜਾ ਪਾਰ ਕਰੇਗੀ। ਜਿਲਾ ਸਿੱਖਿਆ ਅਫਸਰ ਸੈਕੰਡਰੀ ਸੰਜੀਵ ਸ਼ਰਮਾ ਨੇ ਕੁਆਲੀਫਾਈ ਹੋਏ ਵਿਦਿਆਰਥੀਆਂ ਨੂੰ ਅਤੇ ਉਹਨਾਂ ਦੇ ਅਧਿਆਪਕਾਂ ਨੂੰ ਇਸ ਮੌਕੇ ਤੇ ਸਨਮਾਨਿਤ ਕੀਤਾ ਤੇ ਨਾਲ ਹੀ ਸਾਥੀ ਟੀਮ ਜਿਨਾਂ ਵਿੱਚ ਪੀਡੀਐਮ ਸੰਦੀਪ ਕੁਮਾਰ ਪ੍ਰਿੰਸੀਪਲ,ਪ੍ਰਿੰਸੀਪਲ ਮਨਦੀਪ ਕੌਰ ਅੰਟਾਲ ,ਸੁਧੀਰ ਕੁਮਾਰ ਪ੍ਰਿੰਸੀਪਲ,ਦੀਪਕ ਕੁਮਾਰ ਲੈਕਚਰਾਰ ਮੈਥ ਤੇ ਦੌਲਤ ਰਾਮ ਜਿਲਾ ਨੋਡਲ ਲੈਕਚਰਾਰ ਅਤੇ ਸਰਦੀਆਂ ਦੀਆਂ ਛੁੱਟੀਆਂ ਵਿੱਚ ਸਾਥੀ ਟੀਮ ਵੱਲੋਂ ਲਗਾਈਆਂ ਗਈਆਂ ਕਲਾਸਾਂ ਵਿੱਚ ਯੋਗਦਾਨ ਪਾਉਣ ਵਾਲੇ ਕੀ ਰਿਸੋਰਸ ਪਰਸਨ ਵੀ ਸ਼ਾਮਿਲ ਹਨ। ਇਸ ਮੌਕੇ ਉਪ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਵਿੰਦਰ ਪਾਲ ਸ਼ਰਮਾ ਨੇ ਸਾਇੰਸ ਲੈਕਚਰਾਰਾ ਨੂੰ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਸਿੱਖਿਆ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਪ੍ਰੈਕਟੀਕਲ ਸਿੱਖਿਆ ਨਾਲ ਨਤੀਜਿਆਂ ਵਿੱਚ ਹੋਰ ਵੀ ਵਧੀਆ ਪ੍ਰਦਰਸ਼ਨ ਹੋ ਸਕਦਾ ਹੈ।ਜਿਲਾ ਨੋਡਲ ਲੈਕਚਰਾਰ ਦੌਲਤ ਰਾਮ ਨੇ ਦੱਸਿਆ ਕਿ ਪਿਛਲੀ ਵਾਰ ਇਹ ਗਿਣਤੀ 32 ਸੀ ਜੋ ਕਿ ਅੱਜ 60 ਵਿੱਚ ਤਬਦੀਲ ਹੋ ਗਈ ਹੈ।ਉਨਾਂ ਦੱਸਿਆ ਕਿ ਇਨ੍ਹਾਂ ਵਿੱਚ ਨੋਨ ਐੱਸਓਈ ਸਕੂਲਾਂ ਦੇ 27, ਐੱਸਓਈ ਸਕੂਲ ਆਫ ਐਮੀਨੈਂਸ ਸਕੂਲਾਂ ਦੇ 8 ਅਤੇ ਮੈਰੀਟੋਰੀਅਸ ਸਕੂਲਾਂ ਦੇ 25 ਵਿਦਿਆਰਥੀ ਸ਼ਾਮਲ ਹਨ। ਪੀਡੀਐਮ ਸੰਦੀਪ ਕੁਮਾਰ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਨਾਨ ਐੱਸਓਈ ਸਕੂਲਾਂ ਦੇ ਕੁੱਲ 135 ਵਿਦਿਅਰਥੀਆਂ ਨੇ ਇਹ ਪ੍ਰੀਖਿਆ ਕੁਆਲੀਫਾਈ ਕੀਤੀ। ਜਿਨ੍ਹਾਂ ਵਿੱਚੋਂ 27 ਵਿਦਿਆਰਥੀ ਪਟਿਆਲਾ ਜ਼ਿਲ੍ਹੇ ਦੇ ਹਨ।ਇਥੇ ਜਿਕਰਯੋਗ ਹੈ ਕਿ ਪਿਛਲੇ ਸਾਲ ਨੋਨ ਐਸਓਈ ਦੇ 9 ਵਿਦਿਆਰਥੀ ਕੁਆਲੀਫਾਈ ਹੋਏ ਸਨ।ਜੋ ਕਿ ਹੁਣ ਇਹ ਗਿਣਤੀ ਤਿੰਨ ਗੁਣਾ ਵੱਧ ਗਈ ਹੈ।ਜੋ ਕਿ ਨੋਨ ਐਸਓਈ ਸਕੂਲਾਂ ਲਈ ਬਹੁਤ ਮਾਣ ਵਾਲੀ ਗੱਲ ਹੈ।ਪੀਡੀਐਮ ਮਨਦੀਪ ਕੌਰ ਅੰਟਾਲ ਜੀ ਨੇ ਦੱਸਿਆ ਕਿ ਇਹ ਪ੍ਰੀਖਿਆ ਦੀ ਤਿਆਰੀ ਸਾਥੀ ਟੀਮ ਦੁਆਰਾ ਸਾਥੀ ਐਪ ਰਾਹੀ ਆਈਆਈਟੀ ਕਾਨਪੁਰ ਦੀ ਟੀਮ ਵੱਲੋਂ ਕਰਵਾਈ ਜਾਂਦੀ ਹੈ।ਜੋ ਕਿ ਆਨਲਾਈਨ ਹੁੰਦੀ ਹੈ।ਵਿਦਿਆਰਥੀ ਆਪਣੇ ਅਧਿਆਪਕਾਂ ਦੀ ਅਗਵਾਈ ਹੇਠ ਇਹ ਕਲਾਸਾਂ ਆਨਲਾਈਨ ਲਗਾਉਂਦੇ ਹਨ ਤੇ ਇਸ ਪ੍ਰੀਖਿਆ ਦੀ ਤਿਆਰੀ ਲਈ ਮੌਕ ਟੈਸਟ ਡੇਲੀ ਪ੍ਰੋਬਲਮ ਪ੍ਰੈਕਟਿਸ ਡਾਊਟ ਸੈਸ਼ਨ ਅਟੈਂਡ ਕਰਦੇ ਹਨ।ਇਸ ਮੌਕੇ ਐਸਓਈ ਫੀਲਖਾਨਾ ਦੇ ਪ੍ਰਿੰਸੀਪਲ ਰਜਨੀਸ਼ ਗੁਪਤਾ,ਲੈਕਚਰਾਰ ਸ਼ਸ਼ੀਮਾਨ,ਐਸਓਈ ਸਕੂਲਾਂ ਦੇ ਪ੍ਰਿੰਸੀਪਲ,ਨੋਨ ਐਸਓਈ ਸਕੂਲਾਂ ਦੇ ਫਿਜਿਕਸ ਕੈਮਿਸਟਰੀ,ਮੈਥ,ਬਾਇਓਲੋਜੀ ਦੇ ਲੈਕਚਰਾਰ ਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਮੌਜੂਦ ਸਨ।

## ਭਾਸ਼ਾ ਵਿਭਾਗ ਪੰਜਾਬ ਵੱਲੋਂ ਮਹੀਨਾਵਾਰ ਪੁਸਤਕ ਬੈਠਕ ਆਯੋਜਤ

### ਬਾਲ ਸਾਹਿਤਕਾਰ ਤੇ ਗਾਇਕ ਕਮਲਜੀਤ ਨੀਲੋਂ ਹੋਏ ਪਾਠਕਾਂ ਦੇ ਰੂਬਰੂ



ਪਟਿਆਲਾ 12 ਮਈ:ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਜ ਮਹੀਨਾਵਾਰ ਪੁਸਤਕ ਬੈਠਕ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਅਪ੍ਰੈਲ ਮਹੀਨੇ ਦੌਰਾਨ ਪੜ੍ਹੀਆਂ ਪੁਸਤਕਾਂ ਬਾਰੇ ਚਰਚਾ ਕੀਤੀ ਗਈ। ਇਸ ਬੈਠਕ 'ਚ ਸ੍ਰੋਮਣੀ ਬਾਲ ਸਾਹਿਤਕਾਰ ਕਮਲਜੀਤ ਨੀਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਸ. ਨੀਲੋਂ ਦਾ ਸਵਾਗਤ ਕਰਦਿਆ ਕਿਹਾ ਕਿ ਬਾਲ ਸਾਹਿਤ ਹਰੇਕ ਸਮਾਜ ਦੀ ਨਵੀਂ ਪੀੜ੍ਹੀ ਨੂੰ ਕਿਤਾਬਾਂ ਨਾਲ ਜੋੜਨ ਲਈ ਪਹਿਲਾ ਕਦਮ ਹੈ। ਪੰਜਾਬੀਆਂ ਦੀਆਂ ਕਈ ਪੀੜ੍ਹੀਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨ ਲਈ ਕਮਲਜੀਤ ਨੀਲੋਂ ਦਾ ਵੱਡਮੁੱਲਾ ਯੋਗਦਾਨ ਹੈ। ਉਨ੍ਹਾਂ ਨੇ ਜਿੱਥੇ ਆਪਣੀਆਂ ਰਚਨਾਵਾਂ ਨੂੰ ਕਿਤਾਬੀ ਰੂਪ 'ਚ ਬੱਚਿਆਂ ਦੇ ਰੂਬਰੂ ਕੀਤਾ ਉੱਥੇ ਗਾ ਕੇ ਵੀ ਬੱਚਿਆਂ ਦਾ ਸਿਹਤਮੰਦ ਮਨੋਰੰਜਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਬੱਚਿਆਂ ਨੂੰ ਵੱਧ ਤੋਂ ਵੱਧ ਬਾਲ ਸਾਹਿਤ ਮੁਹਈਆ ਕਰਵਾਇਆ ਜਾਵੇ।

ਸ. ਕਮਲਜੀਤ ਨੀਲੋਂ ਨੇ ਆਪਣੇ ਸਾਹਿਤਕ ਸਫ਼ਰ ਦੇ ਆਰੰਭ ਬਾਰੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਮਰਹੂਮ ਕੁਲਵੰਤ ਨੀਲੋਂ ਜੋ ਖ਼ੁਦ ਸ਼ਾਇਰ ਸਨ, ਨੇ ਸਾਹਿਤ ਨਾਲ ਜੋੜਿਆ। ਫਿਰ ਉਹ ਆਪਣੇ ਪਿਤਾ ਦੀ ਉਂਗਲ ਫੜ੍ਹਕੇ ਬਾਲ ਸਭਾਵਾਂ 'ਚ ਗਾਉਣ ਲੱਗੇ। ਸਾਹਿਤ ਪੜ੍ਹਨ 'ਚੋਂ ਹੀ ਉਨ੍ਹਾਂ ਨੂੰ ਲਿਖਣ ਦੀ ਚੇਟਕ ਲੱਗੀ ਅਤੇ ਫਿਰ ਆਪਣੀ ਬਾਲ ਲਿਖਤਾਂ ਨੂੰ ਬੱਚਿਆਂ ਦੀਆਂ ਅਵਾਜ਼ਾਂ 'ਚ ਹੀ ਗਾਉਣਾ ਸ਼ੁਰੂ ਕੀਤਾ ਜਿਸ ਨੂੰ ਹਰ ਵਰਗ ਦੇ ਸਰੋਤਿਆਂ ਨੇ ਪ੍ਰਵਾਨਗੀ ਦਿੱਤੀ। ਉਨ੍ਹਾਂ ਕਿਹਾ ਕਿ ਬੱਚਾ ਬਹੁਤ ਤਾਕਤਵਰ ਹੁੰਦਾ ਹੈ, ਉਸ ਦੇ ਜਨਮ ਨਾਲ ਹੀ ਬਹੁਤ ਸਾਰੇ ਨਵੇਂ ਰਿਸ਼ਤੇ ਪੈਦਾ ਹੋ ਜਾਂਦੇ ਹਨ। ਇਸ ਕਰਕੇ ਇਨ੍ਹਾਂ ਰਿਸ਼ਤਿਆਂ ਨਾਲ ਜੋੜਕੇ ਰੱਖਣ ਲਈ ਬੱਚਿਆਂ ਨੂੰ ਸ਼ਬਦ ਗਿਆਨ ਦੇਣਾ ਬਹੁਤ ਜ਼ਰੂਰੀ ਹੈ। ਸ. ਨੀਲੋਂ ਨੇ ਆਪਣੇ ਵੱਖ-ਵੱਖ ਗੀਤਾਂ ਦੀ ਸਾਰਥਕਤਾ ਦੱਸੀ ਤੇ ਨਾਲੋਂ ਨਾਲ ਸੰਗੀਤਕ ਧੁਨਾਂ ਨਾਲ ਗੀਤ ਗਾ ਕੇ ਸਰੋਤਿਆਂ ਦਾ ਮਨ ਮੋਹ ਲਿਆ। ਉਨ੍ਹਾਂ ਆਪਣੇ ਚਰਚਿਤ ਗੀਤ 'ਮਾਣੋ ਬਿੱਲੀ ਆਈ ਐ.., ਤੋਂ ਇਲਾਵਾ 'ਮੰਨ ਲੈ ਦੁਆਵਾਂ ਰੱਬਾ..', 'ਖੇਡਾਂ ਖਿਡਾਵੇ ਦਾਦੀ..', 'ਬਚਪਨ ਕੀ ਤਿਤਲੀਆਂ', 'ਪੁੱਤ ਪ੍ਰਦੇਸੀਆ ਕਦ ਪਾਏਗਾ ਫੇਰਾ', 'ਨੂੰਹ ਸੱਸ ਦਾ ਮੁਕਾਬਲਾ' ਤੇ 'ਚੰਗਾ ਪਿਆਰਿਓ ਆਪਾਂ ਫੇਰ ਮਿਲਾਂਗੇ' ਨਾਲ ਸਮਾਗਮ ਨੂੰ ਸੰਗੀਤਕ ਬਣਾ ਦਿੱਤਾ। 'ਬਿੱਲੀ ਬੋਲੀ ਮਿਆਊਂ' ਗੀਤ ਰਾਹੀਂ ਭਾਸ਼ਾ ਵਿਭਾਗ ਦੀਆਂ ਸਰਗਰਮੀਆਂ, ਯੋਜਨਾਵਾਂ ਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਤੇ ਵਿਭਾਗੀ ਸ਼ਾਲ ਨਾਲ ਕਮਲਜੀਤ ਨੀਲੋਂ ਦਾ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਅੰਤ ਵਿੱਚ ਖੋਜ ਅਫ਼ਸਰ ਡਾ. ਸੰਤੋਖ ਸਿੰਘ ਨੇ ਕਾਵਿਕ ਅੰਦਾਜ਼ 'ਚ ਸ. ਨੀਲੋਂ ਦਾ ਧੰਨਵਾਦ ਕੀਤਾ। ਇਸ ਮੌਕੇ ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਤੇਜਿੰਦਰ ਸਿੰਘ ਗਿੱਲ, ਸੁਰਿੰਦਰ ਕੌਰ, ਜਸਪ੍ਰੀਤ ਕੌਰ, ਪ੍ਰੋ. ਤਰਲੋਚਨ ਕੌਰ, ਸਾਹਿਤਕਾਰ ਸੰਤ ਸਿੰਘ ਸੋਹਲ, ਕੁਲਵੰਤ ਨਾਰੀਕੇ, ਗੁਰਚਰਨ ਸਿੰਘ ਚੰਨ ਪਟਿਆਲਵੀ, ਬਚਨ ਸਿੰਘ ਗੁਰਮ, ਅਨਿਲ ਕੁਮਾਰ ਗੋਇਲ, ਹੇਮ ਰਾਜ ਤੇ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ।